# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 09-07-2025**

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਤੇ ਨਾਮੀਬੀਆ ਦੇ ਰਾਸ਼ਟਰਪਤੀ Netumbo Nandi-Ndaitwah ਦਰਮਿਆਨ ਵਫ਼ਦ-ਪੱਧਰੀ ਗੱਲਬਾਤ ਹੋਈ. ਕਈ ਖੇਤਰਾਂ ਵਿੱਚ ਸਮਝੌਤਿਆਂ 'ਤੇ ਦਸਤਖਤ ਕੀਤੇ ਗਏ.
- ਇਨਫੋਰਸਮੈਂਟ ਡਾਇਰੈਕਟੋਰੇਟ ਵਲੋਂ ਦੇਸ਼ ਵਾਪਿਸ ਭੇਜੇ ਗਏ ਗੈਰ-ਕਾਨੂੰਨੀ ਪ੍ਰਵਾਸੀਆਂ ਨਾਲ ਜੁੜੇ ਡੌਂਕੀ ਰੂਟ ਕੇਸ ਦੇ ਸਬੰਧ ਵਿੱਚ ਪੰਜਾਬ ਤੇ ਹਰਿਆਣਾ ਵਿੱਚ 11 ਥਾਵਾਂ 'ਤੇ ਛਾਪੇਮਾਰੀ.
- ਪੰਜਾਬ ਪੁਲਿਸ ਦੀ ਐਂਟੀ-ਗੈਂਗਸਟਰ ਟਾਸਕ ਫੋਰਸ ਵਲੋਂ, ਪਾਕਿਸਤਾਨ ਸਥਿਤ ਬੱਬਰ ਖਾਲਸਾ ਇੰਟਰਨੈਸ਼ਨਲ ਦੇ ਸੰਚਾਲਕ ਦੀ ਇੱਕ ਵੱਡੀ ਦਹਿਸ਼ਤਗਰਦ ਸਾਜ਼ਿਸ਼, ਨਾਕਾਮ ਕੀਤੀ ਗਈ. ਹਥਿਆਰਾਂ ਤੇ ਗੋਲੀ ਸਿੱਕੇ ਦੀ ਵੱਡੀ ਖੇਪ ਬਰਾਮਦ.

- ਭਾਰਤੀ ਮੌਸਮ ਵਿਭਾਗ ਨੇ ਅਗਲੇ ਦੋ ਦਿਨਾਂ ਲਈ ਪੰਜਾਬ, ਹਰਿਆਣਾ ਤੇ ਉੱਤਰਾਖੰਡ ਸਮੇਤ ਉੱਤਰੀ ਭਾਰਤ ਵਿੱਚ ਬਾਰਿਸ਼ ਲਈ ORANGE ALERT ਜਾਰੀ ਕੀਤਾ ਏ.
- ਔਰਤਾਂ ਦੇ ਕ੍ਰਿਕੇਟ 'ਚ ਭਾਰਤ ਅਤੇ ਇੰਗਲੈਂਡ ਦਰਮਿਆਨ TWENTY – TWENTY ਲੜੀ ਦਾ ਚੌਥਾ ਮੈਚ ਅੱਜ ਮੈਨਚੈਸਟਰ ਦੇ ਓਲਡ ਟ੍ਰੈਫੋਰਡ ਮੈਦਾਨ 'ਤੇ ਖੇਡਿਆ ਜਾਏਗਾ ਮੈਚ ਭਾਰਤੀ ਸਮੇਂ ਅਨੁਸਾਰ ਰਾਤ 11 ਵਜੇ ਸ਼ੁਰੂ ਹੋਵੇਗਾ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਾਮੀਬੀਆ ਦੇ ਰਾਸ਼ਟਰਪਤੀ Netumbo Nandi-Ndaitwah ਨਾਲ ਰਾਜਧਾਨੀ ਵਿੰਡਹੋਕ ਦੇ ਸਟੇਟ ਹਾਊਸ ਵਿਖੇ ਵਫ਼ਦ-ਪੱਧਰੀ ਗੱਲਬਾਤ ਕੀਤੀ। ਵਿਚਾਰ-ਵਟਾਂਦਰੇ ਦਾ ਉਦੇਸ਼ ਮਹੱਤਵਪੂਰਨ ਸੈਕਟਰਾਂ ਵਿੱਚ ਸਹਿਯੋਗ ਦੇ ਨਵੇਂ ਖੇਤਰਾਂ ਦੀ ਖੋਜ ਕਰਕੇ ਦੋਵਾਂ ਦੇਸ਼ਾਂ ਵਿਚਕਾਰ ਆਰਥਿਕ ਭਾਈਵਾਲੀ ਨੂੰ ਹੋਰ ਡੂੰਘਾ ਕਰਨਾ ਸੀ। ਸਿਹਤ ਅਤੇ ਦਵਾ, ਆਲਮੀ ਜੈਵਿਕ ਇੰਧਣ, ਬੁਨਿਆਦੀ ਢਾਂਚੇ ਦੇ ਖਾਕੇ ਅਤੇ ਉੱਦਮਸ਼ੀਲਤਾ ਦੇ ਖੇਤਰਾਂ ਵਿੱਚ ਸਮਝੌਤਿਆਂ 'ਤੇ ਦਸਤਖਤ ਕੀਤੇ ਗਏ . ਇਸ ਯਾਤਰਾ ਦੌਰਾਨ, ਪ੍ਰਧਾਨ ਮੰਤਰੀ ਨਾਮੀਬੀਆ ਦੇ ਸੰਸਥਾਪਕ ਅਤੇ ਪਹਿਲੇ ਰਾਸ਼ਟਰਪਤੀ,ਸਵਰਗੀ Dr. Sam Nujoma ਨੂੰ ਵੀ ਸ਼ਰਧਾਂਜਲੀ ਭੇਟ

ਕਰਨਗੇ। ਸ਼੍ਰੀ ਮੋਦੀ ਨੂੰ ਦੁਵੱਲੇ ਸਬੰਧਾਂ ਨੂੰ ਮਜ਼ਬੂਤ ਕਰਨ ਵਿੱਚ ਉਨ੍ਹਾਂ ਦੇ ਯੋਗਦਾਨ ਲਈ ਨਾਮੀਬੀਆ ਦੇ ਸਰ੍ਬੁਚ ਨਾਗਰਿਕ ਸਨਮਾਨ ਨਾਲ ਸਨਮਾਨਿਤ ਕੀਤਾਜਾਵੇਗਾ। ਇਸ ਤੋਂ ਇਲਾਵਾ , ਪ੍ਰਧਾਨ ਮੰਤਰੀ ਨਾਮੀਬੀਆ ਦੀ ਸੰਸਦ ਨੂੰ ਸੰਬੋਧਨ ਕਰਨਗੇ, ਜੋ ਦੋਵਾਂ ਦੇਸ਼ਾਂ ਵਿਚਕਾਰ ਚੱਲ ਰਹੇ ਸਬੰਧਾਂ ਵਿੱਚ ਮਹੱਤਵਪੂਰਨ ਏ । ਇਸ ਦੱਖਣੀ ਅਫ਼ਰੀਕੀ ਦੇਸ਼ ਦਾ ਸ਼੍ਰੀ ਮੋਦੀ ਦਾ ਇਹ ਪਹਿਲਾ ਦੌਰਾ ਏ, ਅਤੇ ਭਾਰਤ ਤੋਂ ਨਾਮੀਬੀਆ ਦਾ ਪ੍ਰਧਾਨ ਮੰਤਰੀ ਪਧਰ ਦਾ ਤੀਜਾ ਦੌਰਾ ਏ, ਜੋ ਲਗਭਗ ਤਿੰਨ ਦਹਾਕਿਆਂ ਬਾਅਦ ਹੋ ਰਿਹਾ ਏ.

---------------------------------------------------

ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨੇ ਅੰਤਰਰਾਸ਼ਟਰੀ ਸਹਿਕਾਰੀ ਸਾਲ ਦੇ ਮੌਕੇ 'ਤੇ ਗੁਜਰਾਤ, ਮੱਧ ਪ੍ਰਦੇਸ਼ ਅਤੇ ਰਾਜਸਥਾਨ ਦੀਆਂ ਸਹਿਕਾਰੀ ਸਭਾਵਾਂ ਨਾਲ ਜੁੜੀਆਂ ਔਰਤਾਂ ਅਤੇ ਹੋਰ ਕਾਰਕੁਨਾਂ ਨਾਲ ਗੱਲਬਾਤ ਕੀਤੀ।ਸ਼੍ਰੀ ਸ਼ਾਹ ਨੇ ਇਸ ਮੌਕੇ ਕਿਹਾ ਕਿ ਡੇਅਰੀ ਖੇਤਰ ‘ਚ ਵੱਡੀ ਤਬਦੀਲੀ ਲਿਆਂਦੀ ਜਾ ਰਹੀ ਏ ਤੇ ਭਾਰਤ ਸਰਕਾਰ ਸਹਿਕਾਰੀ ਸਭਾਵਾਂ ਦੀ ਕਮਾਈ ਵਧਾਉਣ ਲਈ ਯੋਜਨਾ ਬਣਾ ਰਹੀ ਏ – byte

---------------------------------------------------

ਇਸ ਸਾਲ ਫਰਵਰੀ ਵਿੱਚ ਅਮਰੀਕਾ ਤੋਂ ਭਾਰਤ ਵਾਪਿਸ ਭੇਜੇ ਗਏ ਗੈਰ-ਕਾਨੂੰਨੀ ਪ੍ਰਵਾਸੀਆਂ ਨਾਲ ਜੁੜੇ ਡੌਂਕੀ ਰੂਟ ਕੇਸ ਦੇ ਸਬੰਧ ਵਿੱਚ ਇਨਫੋਰਸਮੈਂਟ ਡਾਇਰੈਕਟੋਰੇਟ ED, ਅੰਮ੍ਰਿਤਸਰ, ਸੰਗਰੂਰ, ਪਟਿਆਲਾ, ਮੋਗਾ, ਅੰਬਾਲਾ, ਕੁਰੂਕਸ਼ੇਤਰ ਅਤੇ ਕਰਨਾਲ ਵਿੱਚ 11 ਥਾਵਾਂ 'ਤੇ ਤਲਾਸ਼ੀ ਲਈ. ਇਸ ਮਾਮਲੇ ਦੀ ਜਾਂਚ ਪੰਜਾਬ ਅਤੇ ਹਰਿਆਣਾ ਵਿੱਚ ਪੁਲਿਸ ਅਧਿਕਾਰੀਆਂ ਵਲੋਂ ਟ੍ਰੈਵਲ ਅਤੇ ਵੀਜ਼ਾ ਏਜੰਟਾਂ ਅਤੇ ਵਿਚੋਲਿਆਂ ਵਿਰੁੱਧ ਦਰਜ 17 FIRs ਦੇ ਆਧਾਰ 'ਤੇ ਸ਼ੁਰੂ ਕੀਤੀ ਗਈ ਸੀ, ਜਿਨ੍ਹਾਂ ਨੇ ਅਮਰੀਕਾ ਜਾਣ ਲਈ ਤਿਆਰ, ਵੱਖ-ਵੱਖ ਵਿਅਕਤੀਆਂ ਨਾਲ ਧੋਖਾਧੜੀ ਕੀਤੀ ਸੀ । ਜਾਂਚ ਦੌਰਾਨ, ਇਹ ਖੁਲਾਸਾ ਹੋਇਆ ਕਿ ਏਜੰਟ, ਵਿਦੇਸ਼ ਜਾਣ ਲਈ ਤਿਆਰ ਮਾਸੂਮ ਵਿਅਕਤੀਆਂ ਨੂੰ ਨਿਸ਼ਾਨਾ ਬਣਾਉਂਦੇ ਸਨ। ਏਜੰਟ ਮਾਸੂਮ ਵਿਅਕਤੀਆਂ ਨੂੰ ਧੋਖਾ ਦਿੰਦੇ ਸਨ ਕਿਉਂਕਿ, ਇਹਨਾਂ ਲੋਕਾਂ ਨੂੰ ਡੋਨਕਰਾਂ ਅਤੇ ਮਾਫੀਆ ਦੇ ਪ੍ਰਭਾਵ ਹੇਠ ਕਈ ਦੇਸ਼ਾਂ ਦੀਆਂ ਸਰਹੱਦਾਂ ਨੂੰ ਗੈਰ-ਕਾਨੂੰਨੀ ਢੰਗ ਨਾਲ ਖਤਰਨਾਕ ਰਸਤਿਆਂ ਰਾਹੀਂ ਪਾਰ ਕਰਕੇ ਭੇਜਿਆ ਜਾਂਦਾ ਸੀ।

-----------------------------------------------------

ਪੰਜਾਬ ਵਿੱਚ, ਪਾਕਿਸਤਾਨ ਸਥਿਤ ਬੱਬਰ ਖਾਲਸਾ ਟਰਨੈਸ਼ਨਲ (BKI) ਦੇ ਸੰਚਾਲਕ ਵੱਲੋਂ, ਸੂਬੇ ਵਿੱਚ ਸ਼ਾਂਤੀ ਭੰਗ ਕਰਨ ਲਈ ਰਚੀ

ਗਈ ਇੱਕ ਵੱਡੀ ਦਹਿਸ਼ਤਗਰਦ ਸਾਜ਼ਿਸ਼ ਨੂੰ ਅੱਜ ਪੰਜਾਬ ਪੁਲਿਸ ਦੀ ਐਂਟੀ-ਗੈਂਗਸਟਰ ਟਾਸਕ ਫੋਰਸ (AGTF) ਨੇ ਨਾਕਾਮ ਕਰ ਦਿੱਤਾ ਏ । ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਖੁਲਾਸਾ ਕੀਤਾ ਏ ਕਿ ਇੱਕ ਖੁਫੀਆ ਜਾਣਕਾਰੀ ‘ਤੇ ਕੀਤੀ ਗਈ ਕਾਰਵਾਈ ਵਿੱਚ, ਪੁਲਿਸ ਨੇ ਦਹਿਸ਼ਤਗਰਦੀ ਸਾਜ਼ੋਸਮਾਨ ਦੀ ਇੱਕ ਵੱਡੀ ਖੇਪ ਦਾ ਪਤਾ ਲਾਇਆ ਏ ਅਤੇ ਬਰਾਮਦ ਕੀਤਾ ਏ । ਇਸ ਵਿੱਚ ਗੁਰਦਾਸਪੁਰ ਦੇ ਇੱਕ ਜੰਗਲੀ ਇਲਾਕੇ ਤੋਂ ਦੋ AK-47 ਰਾਈਫਲਾਂ 16 ਜ਼ਿੰਦਾ ਕਾਰਤੂਸ, ਦੋ ਮੈਗਜ਼ੀਨ ਅਤੇ ਦੋ P-86 ਹੈਂਡ ਗ੍ਰਨੇਡ ਸ਼ਾਮਲ ਨੇ. ਉਨ੍ਹਾਂ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲਗਾ ਏ ਕਿ BKI ਦੇ ਸੰਚਾਲਕ-ਹਰਵਿੰਦਰ ਰਿੰਦਾ, ਜਿਸਨੂੰ ਪਾਕਿਸਤਾਨ ਦੀ ISI ਦੀ ਹਮਾਇਤ ਹਾਸਿਲ ਏ, ਨੇ ਸੂਬੇ ਵਿੱਚ ਕਈ ਥਾਵਾਂ 'ਤੇ ਹਮਲੇ ਕਰਨ ਦੀ ਇੱਕ ਚੰਗੀ ਤਰ੍ਹਾਂ ਘੜੀ ਗਈ ਸਾਜ਼ਿਸ਼ ਦੇ ਹਿੱਸੇ ਵਜੋਂ ਪਾਕਿਸਤਾਨ ਸਥਿਤ ਏਜੰਸੀਆਂ ਨਾਲ ਤਾਲਮੇਲ ਕਰਕੇ ਇਸ ਖੇਪ ਨੂੰ ਭਾਰਤ ਵਿੱਚ ਭੇਜਿਆ ਸੀ। ਰਿੰਦਾ ਦੇ ਸਾਥੀਆਂ ਤਕ ਪਹੁੰਚਣ ਤੋਂ ਪਹਿਲਾਂ ਹੀ ਇਹ ਖੇਪ ਬਰਾਮਦ ਕਰ ਲਈ ਗਈ । ਇੱਕ FIR ਦਰਜ ਕਰ ਲਈ ਗਈ ਏ ਅਤੇ ਹੋਰ ਜਾਂਚ ਜਾਰੀ ਏ ।

-----------------------------------------------

ਨਸ਼ਾ-ਤਸਕਰੀ ਦੀ ਸਮੱਸਿਆ ਵਿਰੁੱਧ ਵੱਡੀ ਸਫਲਤਾ ਹਾਸਲ ਕਰਦਿਆਂ ਬਠਿੰਡਾ ਪੁਲਿਸ ਨੇ ਛੇ ਮੁੱਖ ਨਸ਼ਾ ਤਸਕਰਾਂ ਨੂੰ 40 ਕਿਲੋ ਹੈਰੋਇਨ

ਸਮੇਤ ਗ੍ਰਿਫਤਾਰ ਕਰਕੇ ਵਿਦੇਸ਼ੀ ਤਸਕਰਾਂ ਵਲੋਂ ਚਲਾਏ ਜਾ ਰਹੇ ਇੱਕ ਅੰਤਰਰਾਸ਼ਟਰੀ ਡਰੱਗ ਕਾਰਟਲ ਦਾ ਪਰਦਾਫਾਸ਼ ਕੀਤਾ ਏ। ਇਸ ਬਾਰੇ ਵਧੇਰੇ ਜਾਣਕਾਰੀ ਦਿੰਦਿਆਂ ਪੰਜਾਬ ਦੇ ਪੁਲਿਸ ਦੇ ਡਾਇਰੈਕਟਰ ਜਨਰਲ (ਡੀਜੀਪੀ) ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਲਖਵੀਰ ਸਿੰਘ ਉਰਫ ਲੱਖਾ ਪ੍ਰਭਜੋਤ ਸਿੰਘ ਰਣਜੋਧ ਸਿੰਘ, ਆਕਾਸ਼ ਮਰਵਾਹਾ, ਰੋਹਿਤ ਕੁਮਾਰ ਅਤੇ ਗੁਰਚਰਨ ਸਿੰਘ ਉਰਫ ਗੁਰੀ ਵਜੋਂ ਹੋਈ ਏ ਤੇ, ਜੋ ਸਾਰੇ ਸ੍ਰੀ ਮੁਕਤਸਰ ਸਾਹਿਬ, ਮਲੋਟ ਦੇ ਰਹਿਣ ਵਾਲੇ ਨੇ. ਇਹ ਸਫ਼ਲਤਾ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਵੱਲੋਂ ਪਾਕਿਸਤਾਨ ਸਥਿਤ ਤਸਕਰ ਤਨਵੀਰ ਸ਼ਾਹ ਅਤੇ ਕੈਨੇਡਾ ਸਥਿਤ ਹੈਂਡਲਰ ਜੋਬਨ ਕਲੇਰ ਦੁਆਰਾ ਚਲਾਏ ਜਾ ਰਹੇ ਡਰੱਗ ਕਾਰਟਲ ਦਾ ਪਰਦਾਫਾਸ਼ ਕਰਨ, ਤੋਂ ਬਾਅਦ ਸਾਹਮਣੇ ਆਈ ਏ। ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਇਹ ਖੇਪ ਪਾਕਿਸਤਾਨ ਸਥਿਤ ਹੈਂਡਲਰਾਂ ਦੁਆਰਾ ਪੰਜਾਬ ਵਿੱਚ ਅੱਗੇ ਵੰਡਣ ਲਈ ਭੇਜੀ ਗਈ ਸੀ। ਓਹਨਾਂ ਇਹ ਵੀ ਕਿਹਾ ਕਿ ਇਸ ਮਾਮਲੇ ਵਿੱਚ ਹੋਰ ਜਾਂਚ ਜਾਰੀ ਏ.

--------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਲੰਬੀ ਹਲਕੇ ‘ਚ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ। ਇਸ

ਮੌਕੇ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਦੀ ਲੋੜ ਮੁਤਾਬਕ ਵਿਕਾਸ ਪ੍ਰੋਜੈਕਟ ਉਲੀਕੇ ਜਾ ਰਹੇ ਨੇ ਤਾਂ ਜੋ ਲੋਕਾਂ ਦਾ ਪੈਸਾ ਸਹੀ ਢੰਗ ਨਾਲ ਵਰਤਿਆ ਜਾ ਸਕੇ। ਉਨ੍ਹਾਂ ਦੱਸਿਆ ਕਿ ਪਿੰਡਾਂ ਵਿੱਚ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਨੂੰ ਦੂਰ ਕਰਨ ਲਈ ਪੰਜਾਬ ਸਰਕਾਰ ਪੂਰੀ ਤਰ੍ਹਾਂ ਵਚਨਬੱਧ ਏ . ਓਹਨਾਂ ਕਿਹਾ ਕਿ ਛੋਟੇ ਬੱਚਿਆਂ ਦੀ ਮੁੱਢਲੀ ਸਿੱਖਿਆ ਲਈ ਆਂਗਨਵਾੜੀ ਸੈਂਟਰ ਅਤੇ ਮਰੀਜ਼ਾਂ ਦੇ ਸਹੀ ਇਲਾਜ ਲਈ ਅੱਜ ਲੋਕਾਂ ਨੂੰ ਸਮਰਪਿਤ ਕੀਤਾ ਗਿਆ ਸਿਹਤ ਕੇਂਦਰ ਲੋਕਾਂ ਨੂੰ ਵਧੀਆ ਸੇਵਾਵਾਂ ਮੁਹਇਆ ਕਰਨਗੇ . ਇਸ ਤੋਂ ਇਲਾਵਾ ਹਰ ਪਿੰਡ ਦੇ ਸਕੂਲ, ਛੱਪੜ ਤੇ ਗਲੀਆਂ-ਨਾਲੀਆਂ ਆਦਿ ਦੀ ਵੀ ਦਸ਼ਾ ਸੁਧਾਰਨ ਦੀ ਕੋਸ਼ਿਸ਼ ਕੀਤੀ ਗਈ ਏ ਤਾਂ ਜੋ ਪਿੰਡ ਵਾਸੀਆਂ ਨੂੰ ਰਹਿਣ ਲਈ ਚੰਗਾ ਮਾਹੌਲ ਮੁਹੱਈਆ ਕਰਵਾਇਆ ਜਾ ਸਕੇ

---------------------------------------------------

ਮੁਹਾਲੀ ਜ਼ਿਲ੍ਹੇ ਦੀਆਂ ਵੱਖ ਵੱਖ ਸਰਕਾਰੀ ਸਿਹਤ ਸੰਸਥਾਵਾਂ ਵਿਚ ਅੱਜ ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਤਵ ਮੁਹਿੰਮ ਤਹਿਤ ਸਿਹਤ ਜਾਗਰੂਕਤਾ ਅਤੇ ਜਾਂਚ ਕੈਂਪ ਲਾਏ ਗਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁਹਾਲੀ ਦੇ ਸਿਵਲ ਸਰਜਨ ਡਾ. ਸੰਗੀਤਾ ਜੈਨ ਅਤੇ ਜ਼ਿਲ੍ਹਾ ਪਰਿਵਾਰ ਭਲਾਈ ਅਧਿਕਾਰੀ ਡਾ.ਤਮੰਨਾ ਸਿੰਘਲ ਨੇ ਦਸਿਆ ਕਿ ਇਸ ਕੜੀ ਤਹਿਤ ਗਰਭਵਤੀ ਔਰਤਾਂ ਦੀ ਏ.ਐੱਨ.ਸੀ. ਜਾਂਚ ਤੇ ਲੋੜੀਂਦੇ

ਮੈਡੀਕਲ ਟੈਸਟ ਕੀਤੇ ਗਏ ਅਤੇ ਗਰਭਵਤੀ ਔਰਤਾਂ ਦੇ ਸੁਰੱਖਿਅਤ ਜਣੇਪੇ ਨੂੰ ਯਕੀਨੀ ਬਣਾਉਣ ਲਈ ਸਿਹਤਮੰਦ ਜੀਵਨ ਜਾਚ ਅਪਣਾਉਣ ਲਈ ਪ੍ਰੇਰਿਤ ਕੀਤਾ ਗਿਆ। ਅਧਿਕਾਰੀਆਂ ਨੇ ਦੱਸਿਆ ਕਿ ਮਾਵਾਂ ਅਤੇ ਬੱਚਿਆਂ ਦੀ ਮੌਤ ਦਰ ਵਿਚ ਕਮੀ ਲਿਆਉਣ ਵਿਚ ਪ੍ਰਧਾਨ ਮੰਤਰੀ ਸੁਰੱਖਿਅਤ ਮਾਤਰਤਵ ਅਭਿਆਨ ਨੇ ਮਹੱਤਵਪੂਰਨ ਭੂਮਿਕਾ ਨਿਭਾਈ ਏ । ਸਾਰੀਆਂ ਸਰਕਾਰੀ ਸੰਸਥਾਵਾਂ ਵਿੱਚ ਹਰ ਮਹੀਨੇ ਦੀ 9 ਤਰੀਕ ਅਤੇ 23 ਤਰੀਕ ਨੂੰ ਵਿਸ਼ੇਸ਼ ਤੌਰ 'ਤੇ ਉੱਚ-ਜੋਖ਼ਮ ਵਾਲੀਆਂ ਗਰਭਵਤੀ ਔਰਤਾਂ ਦੇ ਸੁਰੱਖਿਅਤ ਜਣੇਪੇ ਲਈ ਮਾਹਰ ਡਾਕਟਰਾਂ ਵੱਲੋਂ ਜਾਂਚ ਕੀਤੀ ਜਾਂਦੀ ਏ ।

---------------------------------------------------

ਬਾਬਾ ਫਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼ ਫਰੀਦਕੋਟ ਨੇ ਅੱਜ “ਬ੍ਰੇਕਿੰਗ ਐਕਸੈਸ ਬੈਰੀਅਰਸ: ਇਕਸਾਰ ਸਿਖਲਾਈ- ਡਿਜੀਟਲ ਹੈਲਥ ਪਲੇਟਫਾਰਮ ਰਾਹੀਂ” ਵਿਸ਼ੇ ‘ਤੇ ਇੱਕ ਮਹੱਤਵਪੂਰਨ ਰਾਸ਼ਟਰੀ ਸੈਮੀਨਾਰ ਕਰਾਇਆ, ਜਿਸ ਨਾਲ ਪੰਜਾਬ ਅਤੇ ਇਸ ਤੋਂ ਬਾਹਰ ਪਹੁੰਚਯੋਗ, ਸਮਾਵੇਸ਼ੀ ਅਤੇ ਡਿਜੀਟਲ ਮੈਡੀਕਲ ਸਿੱਖਿਆ ਦੇ ਇੱਕ ਨਵੇਂ ਯੁੱਗ ਦੀ ਸ਼ੁਰੂਆਤ ਹੋਈ। ਇਸ ਸਮਾਗਮ ਵਿੱਚ ਯੂਨੀਵਰਸਟੀ ਵਿਚ ਡਿਜੀਟਲ ਲਾਇਬ੍ਰੇਰੀ ਦੀ ਰਸਮੀ ਸ਼ੁਰੂਆਤ ਹੋਈ, ਜੋ ਕਿ E.B.SCO ਇਨਫਰਮੇਸ਼ਨ ਸਰਵਿਸਿਜ਼ ਦੇ ਸਹਿਯੋਗ ਨਾਲ

ਵਿਕਸਤ ਕੀਤੀ ਗਈ ਇੱਕ ਪਹਿਲ ਏ. ਇਹ ਵਿਦਿਆਰਥੀਆਂ, ਫੈਕਲਟੀ ਅਤੇ ਖੋਜਕਰਤਾਵਾਂ ਲਈ ਆਲਮੀ ਗਿਆਨ ਵਸੀਲਿਆਂ ਤੱਕ ਨਿਰਵਿਘਨ ਪਹੁੰਚ ਨੂੰ ਸਮਰੱਥ ਬਣਾਏਗੀ .ਇਸ ਤੋਂ ਇਲਾਵਾ, ਯੂਨੀਵਰਸਿਟੀ ਨੇ ਵਿਕਸਤ ਭਾਰਤ ਯੁਵਾ ਕਨੈਕਟ ਪ੍ਰੋਗਰਾਮ ਵਿੱਚ ਆਪਣੀ ਹਿੱਸੇਦਾਰੀ ਸ਼ੁਰੂ ਕੀਤੀ, ਜੋ ਕਿ 2047 ਤੱਕ ਇੱਕ ਡਿਜੀਟਲ ਤੌਰ 'ਤੇ ਸਸ਼ਕਤ ਭਾਰਤ ਲਈ ਭਾਰਤ ਸਰਕਾਰ ਦੇ ਦ੍ਰਿਸ਼ਟੀਕੋਣ ਨਾਲ ਮੇਲ ਖਾਂਦੀ ਏ।

--------------------------------------------------

ਇਸ ਮਹੀਨੇ ਦੀ 3 ਤਰੀਕ ਨੂੰ ਸ਼ੁਰੂ ਹੋਈ 38 ਦਿਨਾਂ ਦੀ ਸਾਲਾਨਾ ਸ੍ਰੀ ਅਮਰਨਾਥ ਜੀ ਯਾਤਰਾ ਦੱਖਣੀ ਕਸ਼ਮੀਰ ਦੇ ਅਨੰਤਨਾਗ ਜ਼ਿਲ੍ਹੇ ਦੇ ਨੂਨਵਾਨ ਪਹਿਲਗਾਮ ਬੇਸ ਕੈਂਪ ਅਤੇ ਮੱਧ ਕਸ਼ਮੀਰ ਦੇ ਗੰਦਰਬਲ ਜ਼ਿਲ੍ਹੇ ਦੇ ਬਾਲਟਾਲ ਬੇਸ ਕੈਂਪ ਦੇ, ਦੋ ਰੂਟਾਂ ਤੋਂ ਸੁਚਾਰੂ ਢੰਗ ਨਾਲ ਚੱਲ ਰਹੀ ਏ। ਅੱਜ ਸ੍ਰੀ ਅਮਰਨਾਥ ਜੀ ਯਾਤਰਾ ਦਾ 7ਵਾਂ ਦਿਨ ਏ . ਅੱਜ ਦੁਪਹਿਰ ਤੱਕ ਇੱਕ ਲੱਖ 21 ਹਜ਼ਾਰ ਤੋਂ ਵੱਧ ਯਾਤਰੀਆਂ ਨੇ ਪਵਿੱਤਰ ਗੁਫਾ ਤੀਰਥ ਸਥਾਨ ਦੇ ਦਰਸ਼ਨ ਕੀਤੇ.

--------------------------------------------------

ਭਾਰਤੀ ਮੌਸਮ ਵਿਭਾਗ (IMD) ਨੇ ਅਗਲੇ ਦੋ ਦਿਨਾਂ ਲਈ ਪੰਜਾਬ, ਹਰਿਆਣਾ ਤੇ ਉੱਤਰਾਖੰਡ ਸਮੇਤ ਉੱਤਰੀ ਭਾਰਤ ਵਿੱਚ ਬਾਰਿਸ਼ ਲਈ ORANGE ALERT ਜਾਰੀ ਕੀਤਾ ਏ. ਆਕਾਸ਼ਵਾਣੀ ਖਬਰਾਂ

ਨਾਲ ਖਾਸ ਤੌਰ 'ਤੇ ਗੱਲਬਾਤ ਕਰਦਿਆਂ, IMD ਦੇ ਸੀਨੀਅਰ ਵਿਗਿਆਨੀ ਡਾ. ਆਰ. ਕੇ. ਜੇਨਾਮਣੀ ਨੇ ਦੱਸਿਆ –byte

---------------------------------------------------

ਭਾਰਤੀ ਦੀ ਔਰਤਾਂ ਦੀ ਕ੍ਰਿਕੇਟ ਟੀਮ ਅੱਜ ਰਾਤ ਇੰਗਲੈਂਡ ਦੇ ਮੈਨਚੈਸਟਰ ਦੇ ਓਲਡ ਟ੍ਰੈਫੋਰਡ ਮੈਦਾਨ 'ਤੇ ਚੌਥੇ ਮੈਚ ਵਿੱਚ ਇੰਗਲੈਂਡ ਖਿਲਾਫ਼ TWENTY – TWENTY ਸੀਰੀਜ਼ ਆਪਣੇ ਨਾਂ ਕਰਨ ਦਾ ਟੀਚਾ ਰੱਖੇਗੀ। ਇਹ ਮੈਚ ਭਾਰਤੀ ਸਮੇਂ ਅਨੁਸਾਰ ਰਾਤ 11 ਵਜੇ ਸ਼ੁਰੂ ਹੋਵੇਗਾ।

---------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਤੇ ਨਾਮੀਬੀਆ ਦੇ ਰਾਸ਼ਟਰਪਤੀ Netumbo Nandi-Ndaitwah ਦਰਮਿਆਨ ਵਫ਼ਦ-ਪੱਧਰੀ ਗੱਲਬਾਤ ਹੋਈ. ਕਈ ਖੇਤਰਾਂ ਵਿੱਚ ਸਮਝੌਤਿਆਂ 'ਤੇ ਦਸਤਖਤ ਕੀਤੇ ਗਏ.
- ਇਨਫੋਰਸਮੈਂਟ ਡਾਇਰੈਕਟੋਰੇਟ ਵਲੋਂ ਦੇਸ਼ ਵਾਪਿਸ ਭੇਜੇ ਗਏ ਗੈਰ-ਕਾਨੂੰਨੀ ਪ੍ਰਵਾਸੀਆਂ ਨਾਲ ਜੁੜੇ ਡੌਂਕੀ ਰੂਟ ਕੇਸ ਦੇ ਸਬੰਧ ਵਿੱਚ ਪੰਜਾਬ ਤੇ ਹਰਿਆਣਾ ਵਿੱਚ 11 ਥਾਵਾਂ 'ਤੇ ਛਾਪੇਮਾਰੀ.
- ਪੰਜਾਬ ਪੁਲਿਸ ਦੀ ਐਂਟੀ-ਗੈਂਗਸਟਰ ਟਾਸਕ ਫੋਰਸ ਵਲੋਂ, ਪਾਕਿਸਤਾਨ ਸਥਿਤ ਬੱਬਰ ਖਾਲਸਾ ਇੰਟਰਨੈਸ਼ਨਲ ਦੇ

ਸੰਚਾਲਕ ਦੀ ਇੱਕ ਵੱਡੀ ਦਹਿਸ਼ਤਗਰਦ ਸਾਜ਼ਿਸ਼, ਨਾਕਾਮ ਕੀਤੀ ਗਈ. ਹਥਿਆਰਾਂ ਤੇ ਗੋਲੀ ਸਿੱਕੇ ਦੀ ਵੱਡੀ ਖੇਪ ਬਰਾਮਦ.

- ਭਾਰਤੀ ਮੌਸਮ ਵਿਭਾਗ ਨੇ ਅਗਲੇ ਦੋ ਦਿਨਾਂ ਲਈ ਪੰਜਾਬ, ਹਰਿਆਣਾ ਤੇ ਉੱਤਰਾਖੰਡ ਸਮੇਤ ਉੱਤਰੀ ਭਾਰਤ ਵਿੱਚ ਬਾਰਿਸ਼ ਲਈ ORANGE ALERT ਜਾਰੀ ਕੀਤਾ ਏ.

- ਔਰਤਾਂ ਦੇ ਕ੍ਰਿਕੇਟ 'ਚ ਭਾਰਤ ਅਤੇ ਇੰਗਲੈਂਡ ਦਰਮਿਆਨ TWENTY – TWENTY ਲੜੀ ਦਾ ਚੌਥਾ ਮੈਚ ਅੱਜ ਮੈਨਚੈਸਟਰ ਦੇ ਓਲਡ ਟ੍ਰੈਫੋਰਡ ਮੈਦਾਨ 'ਤੇ ਖੇਡਿਆ ਜਾਏਗਾ ਮੈਚ ਭਾਰਤੀ ਸਮੇਂ ਅਨੁਸਾਰ ਰਾਤ 11 ਵਜੇ ਸ਼ੁਰੂ ਹੋਵੇਗਾ।

**ਇਸਦੇ ਨਾਲ**

**ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

**ਨਮਸਕਾਰ !**